ਸਾਰਗ ਮਹਲਾ ੫ ॥ ਗੁਰ ਮਿਲਿ ਐਸੇ ਪ੍ਰਭੂ ਧਿਆਇਆ ॥ ਭਇਓ ਕ੍ਰਿਪਾਲੁ ਦਇਆਲੁ ਦੁਖ ਭੰਜਨੁ ਲਗੈ ਨ ਤਾਤੀ ਬਾਇਆ ॥ ੧॥ ਰਹਾਉ ॥ ਜੇਤੇ ਸਾਸ ਸਾਸ ਹਮ ਲੇਤੇ ਤੇਤੇ ਹੀ ਗੁਣ ਗਾਇਆ ॥ ਨਿਮਖ ਨ ਬਿਛੁਰੈ ਘਰੀ ਨ ਬਿਸਰੈ ਸਦ ਸੰਗੇ ਜਤ ਜਾਇਆ ॥੧॥ ਹਉ ਬਲਿ ਬਲਿ ਬਲਿ ਬਲਿ ਚਰਨ ਕਮਲ ਕਉ ਬਲਿ ਬਲਿ ਗੁਰ ਦਰਸਾਇਆ ॥ ਕਹੁ ਨਾਨਕ ਕਾਹੂ ਪਰਵਾਹਾ ਜਉ ਸੁਖ ਸਾਗਰੁ ਮੈ ਪਾਇਆ ॥੨॥੧੮॥੪੧॥ {ਪੰਨਾ 1212}

ਪਦਅਰਥ:- ਗੁਰ ਮਿਲਿ—ਗੁਰੂ ਨੇ ਮਿਲ ਕੇ। ਐਸੇ—ਇਸ ਤਰ੍ਹਾਂ (ਹਰੇਕ ਸਾਹ ਦੇ ਨਾਲ)। ਤਾਤੀ ਬਾਇਆ—ਤੱਤੀ ਹਵਾ।1। ਰਹਾਉ।

ਜੇਤੇ—ਜਿਤਨੇ ਭੀ। ਸਾਸ—ਸਾਹ। ਨਿਖਮ—{inmy—} ਅੱਖ ਝਮਕਣ ਜਿਤਨਾ ਸਮਾ। ਘਰੀ—ਘੜੀ। ਸਦ—ਸਦਾ। ਜਤ—ਜਿੱਥੇ ਜਿੱਥੇ। ਜਾਇਆ—ਜਾਈਦਾ ਹੈ।1।

ਹਉ—ਮੈਂ। ਬਲਿ—ਸਦਕੇ। ਕਉ—ਨੂੰ, ਤੋਂ। ਦਰਸਾਇਆ—ਦਰਸਨ। ਕਾਹੂ—ਕਿਸ ਦੀ? ਸੁਖ ਸਾਗਰੁ—ਸੁਖਾਂ ਦਾ ਸਮੁੰਦਰ ਪ੍ਰਭੂ।2।

ਅਰਥ:- ਹੇ ਭਾਈ! (ਜਿਸ ਮਨੁੱਖ ਨੇ) ਗੁਰੂ ਨੂੰ ਮਿਲ ਕੇ ਇਉਂ (ਹਰੇਕ ਸਾਹ ਦੇ ਨਾਲ) ਪਰਮਾਤਮਾ ਦਾ ਸਿਮਰਨ ਕੀਤਾ, ਸਾਰੇ ਦੁੱਖਾਂ ਦਾ ਨਾਸ ਕਰਨ ਵਾਲਾ ਪਰਮਾਤਮਾ ਉਸ ਉੱਤੇ ਦਇਆਵਾਨ ਹੋਇਆ, ਉਸ ਮਨੁੱਖ ਨੂੰ (ਸਾਰੀ ਉਮਰ) ਤੱਤੀ ’ਵਾ ਨਹੀਂ ਲੱਗਦੀ (ਕੋਈ ਦੁੱਖ-ਕਲੇਸ਼ ਨਹੀਂ ਪੋਂਹਦਾ)।1। ਰਹਾਉ।

ਹੇ ਭਾਈ! ਜਿਤਨੇ ਭੀ ਸਾਹ ਅਸੀਂ (ਜੀਵ) ਲੈਂਦੇ ਹਾਂ, ਜਿਹੜਾ ਮਨੁੱਖ ਉਹ ਸਾਰੇ ਹੀ ਸਾਹ (ਲੈਂਦਿਆਂ) ਪਰਮਾਤਮਾ ਦੇ ਗੁਣ ਗਾਂਦਾ ਹੈ, (ਜਿਹੜਾ ਮਨੁੱਖ ਪਰਮਾਤਮਾ ਤੋਂ) ਅੱਖ ਝਮਕਣ ਜਿਤਨੇ ਸਮੇ ਲਈ ਭੀ ਨਹੀਂ ਵਿੱਛੁੜਦਾ, (ਜਿਸ ਨੂੰ ਉਸ ਦੀ ਯਾਦ) ਇਕ ਘੜੀ ਭੀ ਨਹੀਂ ਭੁੱਲਦੀ, ਉਹ ਜਿੱਥੇ ਭੀ ਜਾਂਦਾ ਹੈ, ਪਰਮਾਤਮਾ ਉਸ ਨੂੰ ਸਦਾ ਆਪਣੇ ਨਾਲ ਦਿੱਸਦਾ ਹੈ।1।

ਹੇ ਨਾਨਕ! ਆਖ—(ਹੇ ਭਾਈ!) ਮੈਂ ਪਰਮਾਤਮਾ ਦੇ ਸੋਹਣੇ ਚਰਨਾਂ ਤੋਂ ਸਦਾ ਹੀ ਸਦਾ ਹੀ ਸਦਕੇ ਜਾਂਦਾ ਹਾਂ, ਗੁਰੂ ਦੇ ਦਰਸਨ ਤੋਂ ਕੁਰਬਾਨ ਜਾਂਦਾ ਹਾਂ। ਜਦੋਂ ਤੋਂ ਮੈਂ (ਗੁਰੂ ਦੀ ਕਿਰਪਾ ਨਾਲ) ਸਾਰੇ ਸੁਖਾਂ ਦਾ ਸਮੁੰਦਰ ਪ੍ਰਭੂ ਲੱਭਾ ਹੈ, ਮੈਨੂੰ ਕਿਸੇ ਦੀ ਮੁਥਾਜੀ ਨਹੀਂ ਰਹੀ।2। 18। 41।